**ਹਉ ਵਾਰੀ ਵੰਞਾ ਘੋਲੀ ਵੰਞਾ ਤੂ ਪਰਬਤੁ ਮੇਰਾ ਓਲ੍ਹਾ ਰਾਮ ॥ ਹਉ ਬਲਿ ਜਾਈ ਲਖ ਲਖ ਲਖ ਬਰੀਆ ਜਿਨਿ ਭ੍ਰਮੁ ਪਰਦਾ ਖੋਲ੍ਹਾ ਰਾਮ ॥ ਮਿਟੇ ਅੰਧਾਰੇ ਤਜੇ ਬਿਕਾਰੇ ਠਾਕੁਰ ਸਿਉ ਮਨੁ ਮਾਨਾ ॥ ਪ੍ਰਭ ਜੀ ਭਾਣੀ ਭਈ ਨਿਕਾਣੀ ਸਫਲ ਜਨਮੁ ਪਰਵਾਨਾ ॥ ਭਈ ਅਮੋਲੀ ਭਾਰਾ ਤੋਲੀ ਮੁਕਤਿ ਜੁਗਤਿ ਦਰੁ ਖੋਲ੍ਹਾ ॥ ਕਹੁ ਨਾਨਕ ਹਉ ਨਿਰਭਉ ਹੋਈ ਸੋ ਪ੍ਰਭੁ ਮੇਰਾ ਓਲ੍ਹਾ ॥੪॥੧॥੪॥** **{ਪੰਨਾ 779-780}**

ਪਦਅਰਥ:- ਹਉ—ਹਉਂ, ਮੈਂ। ਵਾਰੀ ਵੰਞਾ—ਵਾਰੀ ਵੰਞਾਂ, ਮੈਂ ਕੁਰਬਾਨ ਜਾਂਦੀ ਹਾਂ। ਘੋਲੀ—ਸਦਕੇ। ਓਲ੍ਹਾ—ਪਰਦਾ। ਬਲਿ ਜਾਈ—ਬਲਿ ਜਾਈਂ, ਮੈਂ ਸਦਕੇ ਜਾਂਦੀ ਹਾਂ। ਬਰੀਆ—ਵਾਰੀ। ਜਿਨਿ—ਜਿਸ ਨੇ। ਭ੍ਰਮੁ—ਭਟਕਣਾ। ਤਜੇ—ਤਿਆਗ ਦਿੱਤੇ। ਸਿਉ—ਨਾਲ। ਮਾਨਾ—ਮੰਨ ਗਿਆ, ਗਿੱਝ ਗਿਆ। ਪ੍ਰਭ ਭਾਣੀ—ਪ੍ਰਭੂ ਨੂੰ ਚੰਗੀ ਲੱਗੀ। ਨਿਕਾਣੀ—ਬੇ-ਮੁਥਾਜ। ਭਾਰਾ ਤੋਲੀ—ਭਾਰੇ ਤੋਲ ਵਾਲੀ। ਮੁਕਤਿ—ਵਿਕਾਰਾਂ ਤੋਂ ਖ਼ਲਾਸੀ। ਜੁਗਤਿ—ਜੀਊਣ ਦੀ ਜਾਚ। ਦਰੁ—ਦਰਵਾਜ਼ਾ।4।

ਅਰਥ:- ਹੇ ਪ੍ਰਭੂ! ਮੇਰੇ ਵਾਸਤੇ ਤੂੰ ਪਹਾੜ (ਜੇਡਾ) ਓਲ੍ਹਾ ਹੈਂ, ਮੈਂ ਤੈਥੋਂ ਸਦਕੇ ਕੁਰਬਾਨ ਜਾਂਦੀ ਹਾਂ। ਮੈਂ ਤੈਥੋਂ ਲੱਖਾਂ ਵਾਰੀ ਸਦਕੇ ਜਾਂਦੀ ਹਾਂ, ਜਿਸ ਨੇ (ਮੇਰੇ ਅੰਦਰੋਂ) ਭਟਕਣਾ ਵਾਲੀ ਵਿੱਥ ਮਿਟਾ ਦਿੱਤੀ ਹੈ।

ਹੇ ਭਾਈ! ਜਿਸ ਜੀਵ-ਇਸਤ੍ਰੀ ਦਾ ਮਨ ਮਾਲਕ-ਪ੍ਰਭੂ ਨਾਲ ਗਿੱਝ ਜਾਂਦਾ ਹੈ, ਉਹ ਸਾਰੇ ਵਿਕਾਰ ਤਿਆਗ ਦੇਂਦੀ ਹੈ, (ਉਸ ਦੇ ਅੰਦਰੋਂ ਮਾਇਆ ਦੇ ਮੋਹ ਵਾਲੇ) ਹਨੇਰੇ ਦੂਰ ਹੋ ਜਾਂਦੇ ਹਨ। (ਜੇਹੜੀ ਜੀਵ-ਇਸਤ੍ਰੀ) ਪ੍ਰਭੂ ਨੂੰ ਚੰਗੀ ਲੱਗਣ ਲੱਗ ਪੈਂਦੀ ਹੈ, ਉਹ (ਦੁਨੀਆ ਵਲੋਂ) ਬੇ-ਮੁਥਾਜ ਹੋ ਜਾਂਦੀ ਹੈ, ਉਸ ਦੀ ਜ਼ਿੰਦਗੀ ਕਾਮਯਾਬ ਹੋ ਜਾਂਦੀ ਹੈ, ਉਹ ਪ੍ਰਭੂ-ਦਰ ਤੇ ਕਬੂਲ ਹੋ ਜਾਂਦੀ ਹੈ। ਉਸ ਦੀ ਜ਼ਿੰਦਗੀ ਬਹੁਤ ਹੀ ਕੀਮਤੀ ਹੋ ਜਾਂਦੀ ਹੈ, ਭਾਰੇ ਤੋਲ ਵਾਲੀ ਹੋ ਜਾਂਦੀ ਹੈ, ਉਸ ਵਾਸਤੇ ਉਹ ਦਰਵਾਜ਼ਾ ਖੁਲ੍ਹ ਜਾਂਦਾ ਹੈ ਜਿੱਥੇ ਉਸ ਨੂੰ ਵਿਕਾਰਾਂ ਵਲੋਂ ਖ਼ਲਾਸੀ ਮਿਲ ਜਾਂਦੀ ਹੈ ਅਤੇ ਸਹੀ ਜੀਵਨ ਦੀ ਜਾਚ ਆ ਜਾਂਦੀ ਹੈ।

ਹੇ ਨਾਨਕ! ਜਦੋਂ ਤੋਂ ਉਹ ਪ੍ਰਭੂ ਮੇਰਾ ਸਹਾਰਾ ਬਣ ਗਿਆ ਹੈ, ਮੈਂ (ਵਿਕਾਰਾਂ ਮਾਇਆ ਦੇ ਹੱਲਿਆਂ ਵਲੋਂ) ਨਿਡਰ ਹੋ ਗਈ ਹਾਂ।4।1।4।